**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਲਾਇਸੰਸਿੰਗ ਅਤੇ ਰਜਿਸਟਰੇਸ਼ਲ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ, ਖੰਨਾ, ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ, ਖੰਨਾ, ਜ਼ਿਲ੍ਹਾ ਲੁਧਿਆਣਾ। -----ਉੱਤਰਦਾਤਾ

**ਅਪੀਲ ਕੇਸ ਨੰ:983/2018**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਹਰਮਿੰਦਰ ਕੌਰ, ਸੁਪਰਡੰਟ (93567-12000)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-12-2018, ਲੋਕ ਸੂਚਨਾ ਅਧਿਕਾਰੀ ਦਫਤਰ ਲਾਇਸੰਸਿੰਗ ਅਤੇ ਰਜਿਸਟਰੇਸ਼ਲ ਅਥਾਰਟੀ-ਕਮ-ਉਪ ਮੰਡਲ ਮੈਜਿਸਟਰੇਟ, ਖੰਨਾ, ਜ਼ਿਲ੍ਹਾ ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਰ.ਟੀ.ਆਈ. ਐਕਟ ਦੀ ਧਾਰਾ 4 ਅਤੇ ਧਾਰਾ 4 ਦੀ ਉਪ ਧਾਰਾਵਾਂ (ਏ,ਬੀ,ਸੀ ਅਤੇ ਡੀ) ਦੀ ਪਾਲਣਾ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 19-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 12-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-06-2019 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਹਰਮਿੰਦਰ ਕੌਰ, ਸੁਪਰਡੰਟ ਨੇ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਸੂਚਨਾ ਦਸਤੀ ਦੇ ਦਿੱਤੀ ਹੈ ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਪ੍ਰਗਟਾਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ:** ਚੰਡੀਗੜ੍ਹ, 11 ਜੂਨ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰਪ੍ਰੀਤ ਸਿੰਘ, (93568-54605)
ਪੁੱਤਰ ਸ਼੍ਰੀ ਗੁਰਦੇਵ ਸਿੰਘ,
ਵਾਸੀ ਪ੍ਰੋਫੈਸਰ ਕਲੌਨੀ,
ਨੇੜੇ ਡੀ.ਏ.ਵੀ. ਕਾਲਿਜ ਜਲਾਲਾਬਾਦ,
ਜ਼ਿਲ੍ਹਾ ਫਾਜ਼ਿਲਕਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਹਾਇਕ ਇੰਸਪੈਕਟਰ ਜਨਰਲ, ਪੁਲਿਸ (ਕਰਾਈਮ),
ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਪੈਕਟਰ ਜਨਰਲ, ਪੁਲਿਸ (ਕਰਾਈਮ),
ਹੈੱਡਕੁਆਟਰਜ਼, ਪੰਜਾਬ, ਚੰਡੀਗੜ੍ਹ। -----ਉੱਤਰਦਾਤਾ

**ਅਪੀਲ ਕੇਸ ਨੰ:989/2018**

**ਹਾਜ਼ਰ:-**

1) ਸ਼੍ਰੀ ਹਰਪ੍ਰੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਦਲੀਪ ਸਿੰਘ, ਏ.ਐਸ.ਆਈ. (85588-26877)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 08-08-2018, ਲੋਕ ਸੂਚਨਾ ਅਧਿਕਾਰੀ ਦਫਤਰ ਸਹਾਇਕ ਇੰਸਪੈਕਟਰ ਜਨਰਲ, ਪੁਲਿਸ (ਕਰਾਈਮ),ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਅਪੀਲਕਰਤਾ ਵਿਰੁੱਧ ਰਪਟ ਨੰ:19, ਮਿਤੀ 27-09-2017 ਦਰਜ ਕਰਨ ਸਬੰਧੀ ਆਪਣੀ ਸ਼ਿਕਾਇਤ ਰਜਿ: ਡਾਕ:ਨੰ: ਆਰ.ਪੀ.728544766ਆਈ.ਐਨ., ਮਿਤੀ 18-12-2017 ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 12-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-06-2019 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਦਲੀਪ ਸਿੰਘ, ਏ.ਐਸ.ਆਈ ਨੇ ਪੱਤਰ ਨੰ:477-ਆਰ.ਟੀ.ਆਈ., ਮਿਤੀ 10-06-2019 ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਪੱਤਰ ਨੰ:532-ਆਰ.ਟੀ.ਆਈ., ਮਿਤੀ 10-06-2018 ਰਾਹੀਂ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਮੰਗੀ ਗਈ ਸੂਚਨਾ (07 ਪੰਨੇ) ਭੇਜੀ ਜਾ ਚੁੱਕੀ ਹੈ ਅਤੇ ਉਸ ਨੂੰ ਦਸਤੀ ਵੀ ਸੂਚਨਾ ਦਿੱਤੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਕੇਵਲ 02 ਪੰਨਿਆਂ ਦੀ ਸੂਚਨਾ ਪ੍ਰਾਪਤ ਹੋਈ ਅਤੇ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਕਰਮਚਾਰੀ ਨੇ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਮੁੜ ਸੂਚਨਾ ਦਸਤੀ ਦੇ ਦਿੱਤੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 11 ਜੂਨ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਲੱਖਾ ਸਿੰਘ ਆਜਾਦ, (ਮੋਬ 94635-70178)
ਪੁੱਤਰ ਸ਼੍ਰੀ ਮੰਗਲ ਸਿੰਘ,
ਪਿੰਡ ਤੇ ਡਾਕਖਾਨਾ ਰਈਆ ਖੁਰਦ,
ਵਾਰਡ ਨੰ:3, ਤਹਿਸੀਲ ਬਾਬਾ ਬਕਾਲਾ ਸਾਹਿਬ।
ਜ਼ਿਲ੍ਹਾ ਅੰਮ੍ਰਿਤਸਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ,ਪੁਲਿਸ,
ਅੰਮ੍ਰਿਤਸਰ (ਦਿਹਾਤੀ) ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ -ਕਮ-
ਇੰਸਪੈਕਟਰ ਜਨਰਲ ਆਫ਼ ਪੁਲਿਸ,
ਬੋਡਰ ਜ਼ੋਨ, ਅੰਮ੍ਰਿਤਸਰ। --------ਉੱਤਰਦਾਤਾ

**ਅਪੀਲ ਕੇਸ ਨੰ:1008/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰ) ਵੱਲੋਂ ਸ਼੍ਰੀ ਹਰਪਾਲ ਸਿੰਘ, ਏ.ਐਸ.ਆਈ. (97000-16624)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-11-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ,ਪੁਲਿਸ, ਅੰਮ੍ਰਿਤਸਰ (ਦਿਹਾਤੀ) ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੁਲਿਸ ਥਾਣਾ ਬਿਆਸ ਵਿਚ ਸੀ.ਪੀ.ਆਰ.ਸੀ. ਸੈੱਲ ਵੱਲੋਂ ਪਾਸਪੋਰਟ ਇੰਨਕੁਆਰੀ ਬਾਰੇ ਗੀਤੀ ਜਾਣ ਵਾਲੀ ਕਾਰਵਾਈ ਅਤੇ ਵੱਖ-ਵੱਖ ਵਿਅਕਤੀਆਂ ਵਲੋਂ ਵੱਖ-ਵੱਖ ਮਿਤੀਆਂ ਤੇ ਟਰੈਵਲ ਏਜੰਟਾਂ ਨੂੰ ਕੀਤੀਆਂ ਗਈਆਂ ਸ਼ਿਕਾਇਤਾਂ ਆਦਿ ਨਾਲ ਸਬੰਧਤ 11 ਨੁਕਤਿਆਂ_ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-06-2019 ਨੂੰ ਸਵੇਰੇ 11:00 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ., ਮਿਤੀ 10-06-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਲੋਕ ਸੂਚਨਾ ਅਧਿਕਾਰੀ ਵਿਰੁੱਧ ਕਾਰਵਾਈ ਕਰਨ ਲਈ ਬੇਨਤੀ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰ) ਵੱਲੋਂ ਹਾਜ਼ਰ ਸ਼੍ਰੀ ਹਰਪਾਲ ਸਿੰਘ, ਏ.ਐਸ.ਆਈ. ਨੇ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਲਈ ਕੁੱਝ ਸਮੇਂ ਦੀ ਮੰਗ ਕੀਤੀ ਹੈ। ਹਾਜ਼ਰ ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਆਰ.ਟੀ.ਆਈ. ਐਕਟ ਤਹਿਤ ਬਣਦੀ ਸੂਚਨਾ ਮੁਹੱਈਆ ਕਰਵਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 09-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 11 ਜੂਨ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਿਜੇ ਹੰਸ, (ਮੋਬ 98883-88052)
ਮਕਾਨ ਨੰ:31, ਸੱਤਿਆ ਨਿਵਾਸ,
ਸਿਲਵਰ ਸਿਟੀ, ਜ਼ੀਰਕਪੁਰ-140603. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੁਪਰਡੰਟ, ਪ੍ਰਸੋਨਲ ਵਿਭਾਗ (ਆਈ.ਏ.ਐਸ. ਸ਼ਾਖਾ),
ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਸਕੱਤਰ, ਪ੍ਰਸੋਨਲ ਵਿਭਾਗ,
ਪੰਜਾਬ ਸਿਵਲ ਸਕੱਤਰੇਤ-1, ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:1009/2019**

**ਹਾਜ਼ਰ:-**

1) ਸ਼੍ਰੀ ਵਿਜੇ ਹੰਸ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰ) ਵੱਲੋਂ ਸ਼੍ਰੀ ਜਤਿੰਦਰ ਸਿੰਘ, ਸੀਨੀਅਰ ਸਹਾਇਕ (99146-22278)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-12-2018, ਲੋਕ ਸੂਚਨਾ ਅਧਿਕਾਰੀ ਦਫਤਰ ਸੁਪਰਡੰਟ, ਪ੍ਰਸੋਨਲ ਵਿਭਾਗ (ਆਈ.ਏ.ਐਸ. ਸ਼ਾਖਾ), ਪੰਜਾਬ, ਚੰਡੀਗੜ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਡਾਕਟਰ ਭੁਪਿੰਦਰਪਾਲ ਸਿੰਘ, ਆਈ.ਏ.ਐਸ. ਵਿਰੁੱਧ ਉਸ ਦੇ ਬਤੌਰ ਨਾਨ-ਪੀ.ਸੀ.ਐਸ. ਅਧਿਕਾਰੀ ਸਾਲ 1989 ਵਿੱਚ ਸੇਵਾ ਜੁਆਇੰਨ ਕਰਨ ਤੋਂ ਲੈ ਕੇ ਸਾਰੀ ਸੇਵਾ ਦੌਰਾਨ ਹੋਈਆਂ ਸ਼ਿਕਾਇਤਾਂ, ਵਿਭਾਗੀ ਪੜਤਾਲਾਂ ਅਤੇ ਸਿਵਲ ਜਾਂ ਫੌਜਦਾਰੀ ਕੇਸਾਂ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-06-2019 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜਤਿੰਦਰ ਸਿੰਘ, ਸੀਨੀਅਰ ਸਹਾਇਕ ਨੇ ਭਾਰਤ ਸਰਕਾਰ, ਪ੍ਰਸੋਨਲ ਤੇ ਟ੍ਰੇਨਿੰਗ ਵਿਭਾਗ ਦੇ ਪੱਤਰ ਨੰ:11/2/2013 -ਆਈ.ਆਰ.(ਪੀ.ਟੀ.),ਮਿਤੀ 14-08-2013 ਰਾਹੀਂ ਜਾਰੀ ਹੋਈਆਂ ਹਦਾਇਤਾਂ ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਵਿੱਚ ਕੋਈ ਵੱਡਾ ਲੋਕ ਹਿੱਤ ਸ਼ਾਮਿਲ ਨਾ ਹੋਣ ਕਾਰਨ ਅਪੀਲਕਰਤਾ ਨੂੰ ਸੂਚਨਾ ਨਹੀਂ ਦਿੱਤੀ ਜਾ ਸਕਦੀ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੀ ਗਈ ਹਦਾਇਤਾਂ ਦੀ ਕਾਪੀ ਮਿਸਲ ਤੇ ਰੱਖ ਲਈ ਗਈ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:19/32/2018- ਆਈ.ਏ.ਐਸ. (1)/1806, ਮਿਤੀ 23-05-2019 ਰਾਹੀਂ ਕਮਿਸ਼ਨ ਅਤੇ ਅਪੀਲਕਰਤਾ ਨੂੰ ਵੀ ਪਹਿਲਾਂ ਹੀ ਸੂਚਿਤ ਕੀਤਾ ਹੋਇਆ ਹੈ।

3. ਦੋਵੇਂ ਧਿਰਾਂ ਦਾ ਪੱਖ ਸੁਣਨ ਉਪਰੰਤ ਇਸ ਕੇਸ ਵਿੱਚ ਡੂੰਘਾਈ ਨਾਲ ਵਿਚਾਰ ਕਰਨ ਲਈ ਇਹ **ਕੇਸ ਫੈਸਲੇ ਲਈ ਰਿਜ਼ਰਵ ਰੱਖਿਆ** ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 11 ਜੂਨ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਪਾਲ ਸਿੰਘ (ਮੋਬ 9815017246)
ਪੁੱਤਰ ਸ਼੍ਰੀ ਰਮੇਸ਼ ਅਰੋੜਾ,
ਮਕਾਨ ਨੰ:319/3, ਗੁਰਦੀਪ ਨਗਰ,
319/3 ਗੁਰਦੀਪ ਨਗਰ, ਜਗਰਾਓਂ,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ,ਪੁਲਿਸ, ਜਗਰਾਓਂ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ -ਕਮ-
ਦਫ਼ਤਰ ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਿਸ,
ਲੁਧਿਆਣਾ ਰੇਂਜ ਲੁੱਧਿਆਣਾ। ------ਉੱਤਰਦਾਤਾ

ਅਪੀਲ ਕੇਸ ਨੰ:1016/2019

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਪ੍ਰੀਤ ਸਿੰਘ, ਏ.ਐਸ.ਆਈ. (97898-00315)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-12-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ,ਪੁਲਿਸ, ਜਗਰਾਓਂ,ਜ਼ਿਲ੍ਹਾ ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਦਰਖਾਸਤ ਨੰ:181, ਮਿਤੀ 22-09-2018 ਰਾਹੀਂ ਲਿਖਾਈ ਗਈ ਸ਼ਿਕਾਇਤ ਨੰ:2920968 ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ 07 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 01-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਪੱਤਰ, ਮਿਤੀ 17-05-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਪ੍ਰੀਤ ਸਿੰਘ, ਏ.ਐਸ.ਆਈ. ਨੇ ਪੱਤਰ ਨੰ:270/ਆਰ.ਟੀ. ਆਈ., ਮਿਤੀ 07-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ, ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 15-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ**, 11 **ਜੂਨ**, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ, ਸਮਰਾਲਾ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ, ਸਮਰਾਲਾ,
ਜ਼ਿਲ੍ਹਾ ਲੁਧਿਆਣਾ। -----ਉੱਤਰਦਾਤਾ

**ਅਪੀਲ ਕੇਸ ਨੰ:1024/2018**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਭਜਨ ਲਾਲ, ਜੂਨੀਅਰ ਸਹਾਇਕ (94179-71001)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 15-12-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਸਮਰਾਲਾ, ਜ਼ਿਲ੍ਹਾ ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਰ.ਟੀ.ਆਈ. ਐਕਟ ਦੀ ਧਾਰਾ 4 ਅਤੇ ਧਾਰਾ 4 ਦੀ ਉਪ ਧਾਰਾਵਾਂ (ਏ,ਬੀ,ਸੀ ਅਤੇ ਡੀ) ਦੀ ਪਾਲਣਾ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 12-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-06-2019 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਭਜਨ ਲਾਲ, ਜੂਨੀਅਰ ਸਹਾਇਕ ਨੇ ਪੱਤਰ ਨੰ:1405/ਐਮ.ਐਲ.ਸੀ., ਮਿਤੀ 03-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਨੂੰ ਪੱਤਰ ਨੰ:1401/ਐਮ.ਐਲ.ਸੀ., ਮਿਤੀ 03-06-2019 ਰਾਹੀਂ ਸੂਚਨਾ ਦਸਤੀ ਦਿੱਤੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ, ਮਿਸਲ ਤੇ ਰੱਖ ਲਿਆ ਗਿਆ ਹੈ।ਅਪੀਲਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਸੂਚਨਾ ਮਿਲ ਗਈ ਹੈ ਅਤੇ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 11 ਜੂਨ, 2019. ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਨਿਖਿਲ ਸਰਾਫ, (ਮੋਬ 98726-32670)
51-52 ਕਾਂਸਲ ਇੰਨਕਲੇਵ, ਨੇੜੇ ਕਾਂਸਲ ਪਿੰਡ ਚੰਡੀਗੜ੍ਹ,
ਚੰਡੀਗੜ੍ਹ-160001. ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਮੁੱਖ ਮੰਤਰੀ, ਪੰਜਾਬ,
ਚੰਡੀਗੜ੍ਹ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:248/2019**

**ਹਾਜ਼ਰ:-**

1) ਸ਼੍ਰੀ ਨਿਖਿਲ ਸਰਾਫ, ਸ਼ਿਕਾਇਤਕਰਤਾ।
2) ਉੱਤਰਦਾਤਾ, ਸ਼੍ਰੀ ਹਰਕੇਸ਼ ਪਾਲ, ਸੁਪਰਡੰਟ-ਕਮ-ਲੋਕ ਸੂਚਨਾ ਅਧਿਕਾਰੀ, ਗ੍ਰਹਿ ਵਿਭਾਗ (98720-71964) ਅਤੇ ਸ਼੍ਰੀ ਜਰਨੈਲ ਸਿੰਘ, ਸੀਨੀਅਰ ਸਹਾਇਕ (99142-85142)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 31-12-2018, ਲੋਕ ਸੂਚਨਾ ਅਧਿਕਾਰੀ ਦਫਤਰ ਮੁੱਖ ਮੰਤਰੀ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਾਣਯੋਗ ਸੁਪਰੀਮ ਕੋਰਟ ਆਫ ਇੰਡੀਆ ਵੱਲੋਂ ਪ੍ਰਕਾਸ਼ ਸਿੰਘ ਬਨਾਮ ਯੂਨੀਅਨ ਆਫ ਇੰਡੀਆ ਅਤੇ ਹੋਰ ਦੇ ਕੇਸ ਵਿੱਚ ਪਾਸ ਕੀਤੇ ਗਏ ਹੁਕਮ, ਮਿਤੀ 22-09-2006 ਅਤੇ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਸਿਵਲ ਰਿੱਟ ਪਟੀਸ਼ਨ ਨੰ:508 ਆਫ 2014-ਸ਼੍ਰੀ ਐਚ.ਸੀ.ਅਰੋੜਾ ਬਨਾਮ ਯੂਨੀਅਨ ਆਫ ਇੰਡੀਆ-ਵਿੱਚ ਪਾਸ ਕੀਤੇ ਗਏ ਹੁਕਮ, ਮਿਤੀ 21-08-2015 ਦੀ ਪਾਲਣਾ ਬਾਰੇ ਦਾਇਰ ਕੀਤੀ ਗਈ ਆਪਣੀ ਪ੍ਰਤੀਬੇਨਤੀ, ਮਿਤੀ 30-11-2019 ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ, ਦਫਤਰ ਮੁੱਖ ਮੰਤਰੀ, ਪੰਜਾਬ, ਚੰਡੀਗੜ੍ਹ ਵੱਲੋਂ ਸ਼ਿਕਾਇਤਕਰਤਾ ਦੇ ਬਿਨੈ ਪੱਤਰ ਦਾ ਸਬੰਧ ਗ੍ਰਹਿ ਵਿਭਾਗ ਨਾਲ ਹੋਣ ਕਾਰਨ ਮਿਤੀ 17-12-2018 ਨੂੰ ਸ਼ਿਕਾਇਤਕਰਤਾ ਦਾ ਬਿਨੈ ਪੱਤਰ ਲੋਕ ਸੂਚਨਾ ਅਧਿਕਾਰੀ, ਗ੍ਰਹਿ ਮਾਮਲੇ ਤੇ ਨਿਆਂ ਵਿਭਾਗ (ਗ੍ਰਹਿ-1 ਸ਼ਾਖਾ) ਨੂੰ ਤਬਦੀਲ ਕਰ ਦਿੱਤਾ ਗਿਆ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 12-03-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 1-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-06-2019 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਕੇਸ਼ ਪਾਲ, ਸੁਪਰਡੰਟ-ਕਮ-ਲੋਕ ਸੂਚਨਾ ਅਧਿਕਾਰੀ, ਗ੍ਰਹਿ ਵਿਭਾਗ ਨੇ ਕਿਹਾ ਹੈ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ।ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:6/11/2019-4ਗ1/1229, ਮਿਤੀ 29-05-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ।ਸ਼ਿਕਾਇਤਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਸੂਚਨਾ ਮਿਲ ਗਈ ਹੈ ਅਤੇ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 11 ਜੂਨ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਨਿਖਿਲ ਸਰਾਫ, (ਮੋਬ 98726-32670)
51-52 ਕਾਂਸਲ ਇੰਨਕਲੇਵ, ਨੇੜੇ ਕਾਂਸਲ ਪਿੰਡ ਚੰਡੀਗੜ੍ਹ,
ਚੰਡੀਗੜ੍ਹ-160001. ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ ਜਨਰਲ, ਪੁਲਿਸ,
ਹੈਡਕੁਆਰਟਰਜ਼, ਪੰਜਾਬ, ਚੰਡੀਗੜ੍ਹ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:251/2019**

**ਹਾਜ਼ਰ:-**

1) ਸ਼੍ਰੀ ਨਿਖਿਲ ਸਰਾਫ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਖਵਿੰਦਰ ਸਿੰਘ, ਏ.ਐਸ.ਆਈ. (83600-54302) (ਕਰਾਈਮ ਵਿੰਗ) ਅਤੇ ਸ਼੍ਰੀ ਪ੍ਰਸ਼ੋਤਮ ਕੁਮਾਰ, ਹੈਡ ਕੰਸਟੇਬਲ (94171-31510) (ਐਡਮਨ ਵਿੰਗ)।

**ਹੁਕਮ:**

ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪ੍ਰਸ਼ੋਤਮ ਕੁਮਾਰ, ਹੈਡ ਕੰਸਟੇਬਲ (ਐਡਮਨ ਵਿੰਗ) ਨੇ ਪੱਤਰ ਨੰ:1589, ਮਿਤੀ 06-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਦੇ ਪੱਤਰ ਨੰ:292, ਮਿਤੀ 30-01-2019 ਰਾਹੀਂ ਨੁਕਤਾ ਨੰ:1 ਬਾਰੇ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ ਅਤੇ ਨੁਕਤਾ ਨੰ:2-4 ਦਾ ਸਬੰਧ ਕਰਾਈਮ ਸ਼ਾਖਾ ਨਾਲ ਹੋਣ ਕਾਰਨ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਆਈ.ਜੀ. ਕਰਾਈਮ ਨੂੰ ਐਕਟ ਦੀ ਧਾਰਾ 6(3) ਅਧੀਨ ਤਬਦੀਲ ਕੀਤੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ, ਮਿਸਲ ਤੇ ਰੱਖ ਲਿਆ ਗਿਆ ਹੈ। ਸ਼ਿਕਾਇ੍ਤਕਰਤਾ ਨੇ ਮੰਨਿਆ ਹੈ ਕਿ ਨੁਕਤਾ ਨੰ: 1 ਦੀ ਸੂਚਨਾ ਉਸ ਨੂੰ ਮਿਲ ਗਈ ਹੈ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੁਖਵਿੰਦਰ ਸਿੰਘ, ਏ.ਐਸ.ਆਈ. (ਕਰਾਈਮ ਵਿੰਗ)ਨੇ ਪੱਤਰ ਨੰ:1076, ਮਿਤੀ 10-06-2019 ਪੇਸ਼ ਕਰਦੇ ਹੋਏ ਨੁਕਤਾ ਨੰ:2-4 ਸਬੰਧੀ ਸੂਚਨਾ ਸ਼ਿਕਾਇਤਕਰਤਾ ਨੂੰ ਦੇਣ ਵਾਸਤੇ ਸਮੇਂ ਦੀ ਮੰਗ ਕੀਤੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ, ਮਿਸਲ ਤੇ ਰੱਖ ਲਿਆ ਗਿਆ ਹੈ।ਆਈ.ਜੀ.ਕਰਾਈਮ ਦੇ ਦਫ਼ਤਰ ਵੱਲੋਂ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਨੁਕਤਾ ਨੰ:2-4 ਸਬੰਧੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 15-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 11 ਜੂਨ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਨਿਖਿਲ ਸਰਾਫ, (ਮੋਬ 98726-32670)
51-52 ਕਾਂਸਲ ਇੰਨਕਲੇਵ, ਨੇੜੇ ਕਾਂਸਲ ਪਿੰਡ ਚੰਡੀਗੜ੍ਹ,
ਚੰਡੀਗੜ੍ਹ-160001. ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ ਜਨਰਲ, ਪੁਲਿਸ,
ਹੈੱਡਕੁਆਰਟਰਜ਼, ਪੰਜਾਬ, ਚੰਡੀਗੜ੍ਹ। -------ਉੱਤਰਦਾਤਾ

**<u>ਸ਼ਿਕਾਇਤ ਕੇਸ ਨੰ:252/2019</u>**

**ਹਾਜ਼ਰ:-**

1) ਸ਼੍ਰੀ ਨਿਖਿਲ ਸਰਾਫ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪ੍ਰਸ਼ੋਤਮ ਕੁਮਾਰ, ਹੈੱਡ ਕੰਸਟੇਬਲ (94171-31510) (ਐਡਮਨ ਵਿੰਗ)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 27-12-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ ਜਨਰਲ, ਪੁਲਿਸ, ਹੈੱਡਕੁਆਰਟਰਜ਼, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪਿਛਲੇ ਸਾਲਾਂ ਦੇ ਸਮੇਂ ਨਾਲ ਸਬੰਧਤ ਪੰਜਾਬ ਪੁਲਿਸ ਦੇ ਉਨ੍ਹਾਂ ਕਰਮਚਾਰੀਆਂ, ਜਿਨ੍ਹਾਂ ਵਿਰੁੱਧ ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ, ਬਾਰੇ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 12-03-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 1-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-06-2019 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪ੍ਰਸ਼ੋਤਮ ਕੁਮਾਰ, ਹੈੱਡ ਕੰਸਟੇਬਲ ਨੇ ਪੱਤਰ ਨੰ:1587, ਮਿਤੀ 06-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਉਨ੍ਹਾਂ ਦੇ ਰਿਕਾਰਡ ਵਿੱਚ ਉਪਲਬਧ ਨਹੀਂ ਹੈ ਅਤੇ ਉਨ੍ਹਾਂ ਵੱਲੋਂ ਇਸ ਸਬੰਧੀ ਪੱਤਰ ਨੰ:114, ਮਿਤੀ 10-01-2019 ਰਾਹੀਂ ਸ਼ਿਕਾਇਤਕਰਤਾ ਨੂੰ ਜਵਾਬ ਭੇਜਿਆ ਹੋਇਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ, ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ., ਮਿਤੀ 27-12-2108 ਦਾ ਜਵਾਬ ਨਿਰਧਾਰਿਤ ਸਮੇਂ ਅੰਦਰ ਭਾਵ ਮਿਤੀ 10-01-2019 ਨੂੰ ਭੇਜ਼ ਦਿੱਤਾ ਗਿਆ ਸੀ। ਇਸ ਤਰ੍ਹਾਂ ਇਹ ਸ਼ਿਕਾਇਤ ਕੇਸ ਨਹੀਂ ਬਣਦਾ। ਜੇਕਰ ਸ਼ਿਕਾਇਤਕਰਤਾ ਉੱਤਰਦਾਤਾ ਦੇ ਜਵਾਬ ਤੋਂ ਸੰਤੁਸ਼ਟ ਨਹੀਂ ਸੀ ਤਾਂ ਉਸ ਨੂੰ ਕਮਿਸ਼ਨ ਕੋਲ ਪਹੁੰਚ ਕਰਨ ਤੋਂ ਪਹਿਲਾਂ, ਪਹਿਲੀ ਅਪੀਲੀ ਅਥਾਰਟੀ ਕੋਲ ਪਹੁੰਚ ਕਰਨੀ ਚਾਹੀਦੀ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਨੂੰ ਭੇਜੇ ਗਏ ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **<u>ਸ਼ਿਕਾਇਤ ਕੇਸ ਦਾਖਲ ਦਫ਼ਤਰ</u>** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 11 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਯੋਗੇਸ਼ ਭੰਡਾਰੀ, (ਮੋਬ 98141-20294)
ਐਸ 14 ਸੁੱਖਦਾ ਇੰਨਕਲੇਵ,
ਸਾਹਮਣੇ ਮਿਲਟਰੀ ਹਸਪਤਾਲ,
ਹਰਦੋਚੰਨੀ ਰੋਡ,
ਗੁਰਦਾਸਪੁਰ-143521 --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਅੰਮ੍ਰਿਤਸਰ, ਦਿਹਾਤੀ, ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ-ਕਮ-
ਇੰਸਪੈਕਟਰ ਜਨਰਲ ਆਫ਼ ਪੁਲਿਸ,
ਬਾਰਡਰ ਜੋਨ੍ਹ, ਅੰਮ੍ਰਿਤਸਰ। ---------ਉੱਤਰਦਾਤਾ

**ਅਪੀਲ ਕੇਸ ਨੰ: 905/2019**

**ਹਾਜ਼ਰ:-**

1) ਸ਼੍ਰੀ ਯੋਗੇਸ਼ ਭੰਡਾਰੀ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਪਾਲ ਸਿੰਘ, ਏ.ਐਸ. ਆਈ. (97800-16624)।

**ਹੁਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਹਰਪਾਲ ਸਿੰਘ, ਏ.ਐਸ.ਆਈ. ਨੇ ਕਿਹਾ ਹੈ ਕਿ ਉਨਾਂ ਵੱਲੋਂ ਆਪਣੇ ਪੱਤਰ ਨੰ:27862-63/ਆਰ.ਟੀ.ਆਈ., ਮਿਤੀ 08-06-2019 ਰਾਹੀਂ ਅਪੀਲਕਰਤਾ ਨੂੰ ਜਵਾਬ ਭੇਜਿਆ ਜਾ ਚੁੱਕਾ ਹੈ। ਅਪੀਲਕਰਤਾ ਨੇ ਕਿਹਾ ਕਿ ਉਹ ਉੱਤਰਦਾਤਾ ਦੇ ਜਵਾਬ ਤੋਂ ਸੰਤੁਸ਼ਟ ਨਹੀਂ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਜਵਾਬ ਕਮਿਸ਼ਨ ਦੇ ਹੁਕਮਾਂ ਮੁਤਾਬਿਕ ਵਿਸਥਾਰ-ਪੂਰਵਕ ਨਹੀਂ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ, ਮਿਸਲ ਤੇ ਰੱਖ ਲਿਆ ਗਿਆ ਹੈ।ਹਾਜ਼ਰ ਉੱਤਰਦਾਤਾ ਨੂੰ ਇਸ ਬਾਰੇ ਸਮਝਾ ਦਿੱਤਾ ਗਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਮੁਤਾਬਿਕ ਸਵੈ-ਸਪੱਸ਼ਟ, ਵਿਸਥਾਰ-ਪੂਰਵਕ ਜਵਾਬ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 09-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 11 **ਜੂਨ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸਾਧੂ ਸਿੰਘ, (ਮੋਬ: 98143-55049)
ਪੁੱਤਰ ਸ਼੍ਰੀ ਸੱਜਣ ਸਿੰਘ,
ਪਿੰਡ ਰੁੜਕਾ, ਡਾਕਖਾਨਾ ਡੇਹਲੋਂ,
ਜ਼ਿਲ੍ਹਾ ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਨਾਇਬ ਤਹਿਸੀਲਦਾਰ, ਡੇਹਲੋਂ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਨਾਇਬ ਤਹਿਸੀਲਦਾਰ, ਡੇਹਲੋਂ,
ਜ਼ਿਲ੍ਹਾ ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ: 911/2019**

ਹਾਜ਼ਰ:-

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਵੀ ਨਹੀਂ।

ਹੁਕਮ:

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-10-2018, ਲੋਕ ਸੂਚਨਾ ਅਧਿਕਾਰੀ ਦਫਤਰ ਨਾਇਬ ਤਹਿਸੀਲਦਾਰ, ਡੇਹਲੋਂ, ਜ਼ਿਲ੍ਹਾ ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਰਜਿਸਟਰੀ ਕਰਨ ਤੋਂ 2 ਸਾਲ, 4 ਮਹੀਨੇ ਬਾਅਦ ਦਰਜ ਕੀਤੇ ਗਏ ਇੰਤਕਾਲ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 06-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 28-03-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 29-04-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਾਜਿੰਦਰ ਸਿੰਘ, ਰੀਡਰ ਨੇ ਕਿਹਾ ਸੀ ਕਿ ਅਪੀਲਕਰਤਾ ਦੀ ਅਜਿਹੀ ਹੀ ਆਰ.ਟੀ.ਆਈ. ਮਾਣਯੋਗ ਮੁੱਖ ਸੂਚਨਾ ਕਮਿਸ਼ਨ,ਪੰਜਾਬ ਜੀ ਵੱਲੋਂ ਹੀ ਡਿਸਪੋਜ਼ ਆਫ ਕੀਤੀ ਜਾ ਚੁੱਕੀ ਹੈ ਪਰੰਤੂ ਉਹ ਮਾਣਯੋਗ ਮੁੱਖ ਸੂਚਨਾ ਕਮਿਸ਼ਨ, ਪੰਜਾਬ ਜੀ ਵੱਲੋਂ ਪਹਿਲਾਂ ਪਾਸ ਕੀਤੇ ਗਏ ਹੁਕਮਾਂ ਦੀ ਕਾਪੀ ਪੇਸ਼ ਨਹੀਂ ਕਰ ਸਕਿਆ ਸੀ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਹਥਲੇ ਕੇਸ ਨਾਲ ਬਿਲਕੁੱਲ ਮਿਲਦੀ-ਜੁਲਦੀ ਆਰ.ਟੀ.ਆਈ. ਦਾ ਪਹਿਲਾਂ ਫੈਸਲਾ ਹੋ ਚੁੱਕਾ ਹੈ ਤਾਂ ਉਸ ਬਾਰੇ ਵਿਸਥਾਰ-ਪੂਰਵਕ ਜਵਾਬ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸਚਿਤ ਕੀਤਾ ਜਾਵੇ। ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਫਿਰ ਵੀ ਉਸ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 11-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਕਮਿਸ਼ਨ ਦੇ ਹੁਕਮ, ਮਿਤੀ 29-04-2019 ਅਨੁਸਾਰ, ਇਸ ਕੇਸ ਨਾਲ ਬਿਲਕੁੱਲ ਮਿਲਦਾ-ਜੁਲਦਾ ਅਪੀਲ ਕੇਸ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 911/2019**

ਨੰ:1884 ਆਫ਼ 2018 ਮਾਣਯੋਗ ਮੁੱਖ ਸੂਚਨਾ ਕਮਿਸ਼ਨ,ਪੰਜਾਬ ਜੀ ਵੱਲੋਂ ਪਹਿਲਾਂ ਹੀ ਡਿਸਪੋਜ਼ ਆਫ ਕਰਨ ਬਾਰੇ ਕਮਿਸ਼ਨ ਦੇ ਹੁਕਮ, ਮਿਤੀ 03-10-2018 ਦੀ ਕਾਪੀ ਭੇਜੀ ਗਈ ਹੈ। ਅਪੀਲਕਰਤਾ ਲਗਾਤਾਰ ਦੋ ਪੇਸ਼ੀਆਂ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਤੋਂ ਜ਼ਾਹਿਰ ਹੈ ਕਿ ਅਪੀਲਕਰਤਾ, ਮਾਣਯੋਗ ਮੁੱਖ ਸੂਚਨਾ ਕਮਿਸ਼ਨ,ਪੰਜਾਬ ਜੀ ਦੇ ਫੈਸਲੇ, ਮਿਤੀ 03-10-2018 ਤੋਂ ਪਹਿਲਾਂ ਹੀ ਜਾਣੂ ਹੈ ਜਿਸ ਕਰਕੇ ਉਹ ਹਥਲੇ ਕੇਸ ਦੀ ਕੋਈ ਪੈਰਵਾਈ ਕਰਨ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 11 ਜੂਨ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਗਗਨਦੀਪ ਸਿੰਘ ਜੰਜੂਆ, (ਮੋਬ 97806-43243)
ਪਿੰਡ ਤੂਰਾ, ਡਾਕਖਾਨਾ ਕੁੰਭ,
ਤਹਿਸੀਲ ਅਮਲੋਹ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਜੰਲਧਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ, ਜੰਲਧਰ। ------ਉੱਤਰਦਾਤਾ

**ਅਪੀਲ ਕੇਸ ਨੰ:563/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਜਿੰਦਰ ਕੁਮਾਰ, ਐਨ.ਐਸ.ਕੇ.-2 (94639-43790)

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 27-09-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਜੰਲਧਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਅਪੀਲ ਕੇਸ ਨੰ:3511 ਆਫ 2017 ਵਿੱਚ ਲੋਕ ਸੂਚਨਾ ਅਧਿਕਾਰੀ ਵੱਲੋਂ ਰਿਕਾਰਡ ਗੁੰਮ ਹੋਣ ਬਾਰੇ ਦਿੱਤੇ ਗਏ ਹਲਫੀਆ-ਬਿਆਨ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 25-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 01-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 10-06-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਾਜਿੰਦਰ ਕੁਮਾਰ, ਐਨ.ਐਸ.ਕੇ.-2, ਨੇ ਪੱਤਰ ਨੰ:1753-1754., ਮਿਤੀ 11-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ, ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 11 ਜੂਨ, 2019. ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਵਤਾਰ ਸਿੰਘ, (79860-54105)
ਪੁੱਤਰ ਸ਼੍ਰੀ ਗੁਰਦੇਵ ਸਿੰਘ,
ਵਾਸੀ ਪਿੰਡ ਨਗਲਾ,
ਡਾਕਖਾਨਾ ਢਕੌਲੀ,
ਜ਼ਿਲ੍ਹਾ ਮੁਹਾਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ,
ਮਾਈਨਿੰਗ ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਜਨਰਲ ਮੈਨੇਜਰ, ਮਾਈਨਿੰਗ,
ਇੰਡਸਟ੍ਰੀਅਲ ਏਰੀਆ, ਫੇਸ-6, ਮੁਹਾਲੀ।

ਸ਼੍ਰੀ ਐਚ.ਐਸ. ਪੰਨੂ,
ਪਹਿਲੀ ਅਪੀਲੀ ਅਥਾਰਟੀ-ਕਮ-
ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ,
ਜ਼ਿਲ੍ਹਾ ਉਦਯੋਗ ਕੇਂਦਰ, ਫੇਸ-6,
ਐਸ.ਏ.ਐਸ. ਨਗਰ। ........ਉੱਤਰਦਾਤਾ

**ਅਪੀਲ ਕੇਸ ਨੰ:2420 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ (98151-63800)।
2) ਉੱਤਰਦਾਤਾ, ਸ਼੍ਰੀ ਐਚ.ਐਸ. ਪੰਨੂ, ਪਹਿਲੀ ਅਪੀਲੀ ਅਥਾਰਟੀ-ਕਮ-ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ(98159-93894),ਜ਼ਿਲ੍ਹਾ ਉਦਯੋਗ ਕੇਂਦਰ,ਫੇਸ-6, ਐਸ.ਏ.ਐਸ. ਨਗਰ, ਸ਼੍ਰੀ ਗੁਰਜੀਤ ਸਿੰਘ, ਕਾਰਜਕਾਰੀ ਇੰਜੀਨੀਅਰ-ਕਮ-ਜ਼ਿਲ੍ਹਾ ਮਾਈਨਿੰਗ ਅਫਸਰ (98726-41610) ਅਤੇ ਸ਼੍ਰੀਮਤੀ ਬਲਵਿੰਦਰ ਕੌਰ, ਕਲਰਕ ਦਫਤਰ ਮਾਈਨਜ਼ ਅਤੇ ਜਿਆਲੋਜੀ ਵਿਭਾਗ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-02-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਮਾਈਨਿੰਗ ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਨਗਰ ਕੌਂਸਿਲ, ਜ਼ੀਰਕਪੁਰ ਵਿੱਚ ਨੈਸ਼ਨਲ ਹਾਈਵੇਅ ਲਈ ਜ਼ਮੀਨ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-04-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 20-07-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-08-2918 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-09-2018 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:2420 ਆਫ਼ 2018**

ਐਚ.ਬੀ.ਐਸ. ਬੇਦਵਾਨ, ਐਡਵੋਕੇਟ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀਮਤੀ ਬਲਵਿੰਦਰ ਕੌਰ, ਕਲਰਕ ਦਫਤਰ ਮਾਈਨਜ਼ ਅਤੇ ਜਿਆਲੋਜੀ ਵਿਭਾਗ ਨੇ ਹਲਫੀਆ-ਬਿਆਨ, ਮਿਤੀ 11-06-2019 ਪੇਸ਼ ਕਰਦੇ ਹੋਏ ਅਪੀਲਕਰਤਾ ਦੇ ਅਪੀਲ ਕੇਸ ਨੰ:2420, 2421 ਅਤੇ 2423 ਆਫ਼ 2018 ਬਾਰੇ ਕਿਹਾ ਹੈ ਕਿ ਇਨ੍ਹਾਂ ਕੇਸਾਂ ਬਾਰੇ ਉਸ ਕੋਲ ਅਤੇ ਦਫ਼ਤਰ ਵਿਖੇ ਕੋਈ ਰਿਕਾਰਡ ਉਪਲਬਧ ਨਹੀਂ ਹੈ। ਇਸ ਤੋਂ ਇਲਾਵਾ ਉਸ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਅਪੀਲਕਰਤਾ ਦੇ ਅਪੀਲ ਕੇਸ ਨੰ:2422/2018 ਦਾ ਜਵਾਬ ਸ਼੍ਰੀ ਦਲਜੀਤ ਸਿੰਘ ਟਾਂਗਰਾ, ਉਪ ਮੰਡਲ ਅਫਸਰ ਦਫ਼ਤਰ ਜ਼ਿਲ੍ਹਾ ਮਾਈਨਿੰਗ ਅਫਸਰ ਮੁਹਾਲੀ ਵੱਲੋਂ ਅਪੀਲਕਰਤਾ ਨੂੰ ਪਹਿਲਾਂ ਹੀ ਦਿੱਤਾ ਜਾ ਚੁੱਕਾ ਹੈ। ਸ਼੍ਰੀਮਤੀ ਬਲਵਿੰਦਰ ਕੌਰ, ਕਲਰਕ ਵੱਲੋਂ ਪੇਸ਼ ਕੀਤਾ ਗਿਆ ਹਲਫੀਆ ਬਿਆਨ, ਮਿਤੀ 11-06-2019 (ਮੂਲ ਰੂਪ ਵਿੱਚ) ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ ਨੂੰ ਪੇਸ਼ੀ ਦੌਰਾਨ ਦਸਤੀ ਦੇ ਦਿੱਤਾ ਗਿਆ ਹੈ ਅਤੇ ਇਸ ਦੀ ਇੱਕ ਕਾਪੀ ਮਿਸਲ ਤੇ ਰੱਖ ਲਈ ਗਈ ਹੈ।

3. ਦੋਵੇਂ ਧਿਰਾਂ ਨੇ ਇਨ੍ਹਾਂ ਕੇਸਾਂ ਨੂੰ ਬੰਦ ਕਰਨ ਲਈ ਸਹਿਮਤੀ ਪ੍ਰਗਟਾਈ ਹੈ। ਇਸ ਕਰਕੇ ਇਨ੍ਹਾਂ ਕੇਸਾਂ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼੍ਰੀ ਐਚ.ਐਸ. ਪੰਨੂ, ਪਹਿਲੀ ਅਪੀਲੀ ਅਥਾਰਟੀ-ਕਮ-ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ,ਜ਼ਿਲ੍ਹਾ ਉਦਯੋਗ ਕੇਂਦਰ, ਐਸ.ਏ.ਐਸ. ਨਗਰ ਵੱਲੋਂ ਕਮਿਸ਼ਨ ਦੇ ਹੁਕਮ, ਮਿਤੀ 10-04-2019 ਰਾਹੀਂ ਉਸ ਨੂੰ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸ ਸਬੰਧੀ ਪਿਛਲੀ ਪੇਸ਼ੀ, ਮਿਤੀ 14-05-2019 ਤੇ ਪੇਸ਼ ਕੀਤੇ ਗਏ ਸਪੱਸ਼ਟੀਕਰਣ ਨੂੰ ਤਸੱਲੀਬਖਸ਼ ਪਾਉਂਦੇ ਹੋਏ ਉਨ੍ਹਾਂ ਵਿਰੁੱਧ ਜਾਰੀ ਕੀਤਾ ਗਿਆ **ਕਾਰਨ ਦੱਸੋ ਨੋਟਿਸ ਖਾਰਜ** ਕੀਤਾ ਜਾਂਦਾ ਹੈ ਅਤੇ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 11 ਜੂਨ, 2019.** ਸੂਚਨਾ ਕਮਿਸ਼ਨਰ, ਪੰਜਾਬ।

**ਕਾਪੀ:-**

ਸ਼੍ਰੀ ਦਲਜੀਤ ਸਿੰਘ ਟਾਂਗਰਾ,
ਐਸ.ਡੀ.ਓ./ਏ.ਡੀ.ਐਮ.ਓ.,
ਦਫ਼ਤਰ ਕਾਰਜਕਾਰੀ ਇੰਜੀਨੀਅਰ-ਕਮ-
ਜ਼ਿਲ੍ਹਾ ਮਾਈਨਿੰਗ ਅਫਸਰ,
ਬੀ-65, ਇੰਡਸਟ੍ਰੀਅਲ ਏਰੀਆ,
ਫੇਸ-7, ਮੁਹਾਲੀ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਵਤਾਰ ਸਿੰਘ, (79860-54105)
ਪੁੱਤਰ ਸ਼੍ਰੀ ਗੁਰਦੇਵ ਸਿੰਘ,
ਵਾਸੀ ਪਿੰਡ ਨਗਲਾ,
ਡਾਕਖਾਨਾ ਢਕੌਲੀ,
ਜ਼ਿਲ੍ਹਾ ਮੁਹਾਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ,
ਮਾਈਨਿੰਗ ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਜਨਰਲ ਮੈਨੇਜਰ, ਮਾਈਨਿੰਗ,
ਇੰਡਸਟ੍ਰੀਅਲ ਏਰੀਆ, ਫੇਸ-6, ਮੁਹਾਲੀ।

ਸ਼੍ਰੀ ਐਚ.ਐਸ. ਪੰਨੂ,
ਪਹਿਲੀ ਅਪੀਲੀ ਅਥਾਰਟੀ-ਕਮ-
ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ,
ਜ਼ਿਲ੍ਹਾ ਉਦਯੋਗ ਕੇਂਦਰ, ਫੇਸ-6,
ਐਸ.ਏ.ਐਸ. ਨਗਰ। ........ਉੱਤਰਦਾਤਾ

**ਅਪੀਲ ਕੇਸ ਨੰ:2421 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ (98151-63800)।
2) ਉੱਤਰਦਾਤਾ, ਸ਼੍ਰੀ ਐਚ.ਐਸ. ਪੰਨੂ, ਪਹਿਲੀ ਅਪੀਲੀ ਅਥਾਰਟੀ-ਕਮ-ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ(98159-93894),ਜ਼ਿਲ੍ਹਾ ਉਦਯੋਗ ਕੇਂਦਰ,ਫੇਸ-6, ਐਸ.ਏ.ਐਸ. ਨਗਰ, ਸ਼੍ਰੀ ਗੁਰਜੀਤ ਸਿੰਘ, ਕਾਰਜਕਾਰੀ ਇੰਜੀਨੀਅਰ-ਕਮ-ਜ਼ਿਲ੍ਹਾ ਮਾਈਨਿੰਗ ਅਫਸਰ (98726-41610) ਅਤੇ ਸ਼੍ਰੀਮਤੀ ਬਲਵਿੰਦਰ ਕੌਰ, ਕਲਰਕ ਦਫਤਰ ਮਾਈਨਜ਼ ਅਤੇ ਜਿਆਲੋਜੀ ਵਿਭਾਗ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-02-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਮਾਈਨਿੰਗ ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਨਗਰ ਕੌਂਸਿਲ, ਜ਼ੀਰਕਪੁਰ ਵਿੱਚ ਨੈਸ਼ਨਲ ਹਾਈਵੇਅ ਲਈ ਜ਼ਮੀਨ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-04-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 20-07-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-08-2918 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-09-2018 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:2421 ਆਫ਼ 2018**

ਐਚ.ਬੀ.ਐਸ. ਬੇਦਵਾਨ, ਐਡਵੋਕੇਟ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀਮਤੀ ਬਲਵਿੰਦਰ ਕੌਰ, ਕਲਰਕ ਦਫਤਰ ਮਾਈਨਜ਼ ਅਤੇ ਜਿਆਲੋਜੀ ਵਿਭਾਗ ਨੇ ਹਲਫੀਆ-ਬਿਆਨ, ਮਿਤੀ 11-06-2019 ਪੇਸ਼ ਕਰਦੇ ਹੋਏ ਅਪੀਲਕਰਤਾ ਦੇ ਅਪੀਲ ਕੇਸ ਨੰ:2420, 2421 ਅਤੇ 2423 ਆਫ਼ 2018 ਬਾਰੇ ਕਿਹਾ ਹੈ ਕਿ ਇਨ੍ਹਾਂ ਕੇਸਾਂ ਬਾਰੇ ਉਸ ਕੋਲ ਅਤੇ ਦਫ਼ਤਰ ਵਿਖੇ ਕੋਈ ਰਿਕਾਰਡ ਉਪਲਬਧ ਨਹੀਂ ਹੈ। ਇਸ ਤੋਂ ਇਲਾਵਾ ਉਸ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਅਪੀਲਕਰਤਾ ਦੇ ਅਪੀਲ ਕੇਸ ਨੰ:2422/2018 ਦਾ ਜਵਾਬ ਸ਼੍ਰੀ ਦਲਜੀਤ ਸਿੰਘ ਟਾਂਗਰਾ, ਉਪ ਮੰਡਲ ਅਫਸਰ ਦਫ਼ਤਰ ਜ਼ਿਲ੍ਹਾ ਮਾਈਨਿੰਗ ਅਫਸਰ ਮੁਹਾਲੀ ਵੱਲੋਂ ਅਪੀਲਕਰਤਾ ਨੂੰ ਪਹਿਲਾਂ ਹੀ ਦਿੱਤਾ ਜਾ ਚੁੱਕਾ ਹੈ। ਸ਼੍ਰੀਮਤੀ ਬਲਵਿੰਦਰ ਕੌਰ, ਕਲਰਕ ਵੱਲੋਂ ਪੇਸ਼ ਕੀਤਾ ਗਿਆ ਹਲਫੀਆ ਬਿਆਨ, ਮਿਤੀ 11-06-2019 (ਮੂਲ ਰੂਪ ਵਿੱਚ) ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ ਨੂੰ ਪੇਸ਼ੀ ਦੌਰਾਨ ਦਸਤੀ ਦੇ ਦਿੱਤਾ ਗਿਆ ਹੈ ਅਤੇ ਇਸ ਦੀ ਇੱਕ ਕਾਪੀ ਮਿਸਲ ਤੇ ਰੱਖ ਲਈ ਗਈ ਹੈ।

3. ਦੋਵੇਂ ਧਿਰਾਂ ਨੇ ਇਨ੍ਹਾਂ ਕੇਸਾਂ ਨੂੰ ਬੰਦ ਕਰਨ ਲਈ ਸਹਿਮਤੀ ਪ੍ਰਗਟਾਈ ਹੈ। ਇਸ ਕਰਕੇ ਇਨ੍ਹਾਂ ਕੇਸਾਂ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼੍ਰੀ ਐਚ.ਐਸ. ਪੰਨੂ, ਪਹਿਲੀ ਅਪੀਲੀ ਅਥਾਰਟੀ-ਕਮ-ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ,ਜ਼ਿਲ੍ਹਾ ਉਦਯੋਗ ਕੇਂਦਰ, ਐਸ.ਏ.ਐਸ. ਨਗਰ ਵੱਲੋਂ ਕਮਿਸ਼ਨ ਦੇ ਹੁਕਮ, ਮਿਤੀ 10-04-2019 ਰਾਹੀਂ ਉਸ ਨੂੰ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸ ਸਬੰਧੀ ਪਿਛਲੀ ਪੇਸ਼ੀ, ਮਿਤੀ 14-05-2019 ਤੇ ਪੇਸ਼ ਕੀਤੇ ਗਏ ਸਪੱਸ਼ਟੀਕਰਣ ਨੂੰ ਤਸੱਲੀਬਖਸ਼ ਪਾਉਂਦੇ ਹੋਏ ਉਨ੍ਹਾਂ ਵਿਰੁੱਧ ਜਾਰੀ ਕੀਤਾ ਗਿਆ **ਕਾਰਨ ਦੱਸੋ ਨੋਟਿਸ ਖਾਰਜ** ਕੀਤਾ ਜਾਂਦਾ ਹੈ ਅਤੇ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 11 ਜੂਨ, 2019.** **ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਸ਼੍ਰੀ ਦਲਜੀਤ ਸਿੰਘ ਟਾਂਗਰਾ,
ਐਸ.ਡੀ.ਓ./ਏ.ਡੀ.ਐਮ.ਓ.,
ਦਫ਼ਤਰ ਕਾਰਜਕਾਰੀ ਇੰਜੀਨੀਅਰ-ਕਮ-
ਜ਼ਿਲ੍ਹਾ ਮਾਈਨਿੰਗ ਅਫਸਰ,
ਬੀ-65, ਇੰਡਸਟ੍ਰੀਅਲ ਏਰੀਆ,
ਫੇਸ-7, ਮੁਹਾਲੀ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਵਤਾਰ ਸਿੰਘ, (79860-54105)
ਪੁੱਤਰ ਸ਼੍ਰੀ ਗੁਰਦੇਵ ਸਿੰਘ,
ਵਾਸੀ ਪਿੰਡ ਨਗਲਾ,
ਡਾਕਖਾਨਾ ਢਕੌਲੀ,
ਜ਼ਿਲ੍ਹਾ ਮੁਹਾਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ,
ਮਾਈਨਿੰਗ ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਜਨਰਲ ਮੈਨੇਜਰ, ਮਾਈਨਿੰਗ,
ਇੰਡਸਟ੍ਰੀਅਲ ਏਰੀਆ, ਫੇਸ-6, ਮੁਹਾਲੀ।

ਸ਼੍ਰੀ ਐਚ.ਐਸ. ਪੰਨੂ,
ਪਹਿਲੀ ਅਪੀਲੀ ਅਥਾਰਟੀ-ਕਮ-
ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ,
ਜ਼ਿਲ੍ਹਾ ਉਦਯੋਗ ਕੇਂਦਰ, ਫੇਸ-6,
ਐਸ.ਏ.ਐਸ. ਨਗਰ। ........ਉੱਤਰਦਾਤਾ

**ਅਪੀਲ ਕੇਸ ਨੰ:2423 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ (98151-63800)।
2) ਉੱਤਰਦਾਤਾ, ਸ਼੍ਰੀ ਐਚ.ਐਸ. ਪੰਨੂ, ਪਹਿਲੀ ਅਪੀਲੀ ਅਥਾਰਟੀ-ਕਮ-ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ(98159-93894),ਜ਼ਿਲ੍ਹਾ ਉਦਯੋਗ ਕੇਂਦਰ,ਫੇਸ-6, ਐਸ.ਏ.ਐਸ. ਨਗਰ, ਸ਼੍ਰੀ ਗੁਰਜੀਤ ਸਿੰਘ, ਕਾਰਜਕਾਰੀ ਇੰਜੀਨੀਅਰ-ਕਮ-ਜ਼ਿਲ੍ਹਾ ਮਾਈਨਿੰਗ ਅਫਸਰ (98726-41610) ਅਤੇ ਸ਼੍ਰੀਮਤੀ ਬਲਵਿੰਦਰ ਕੌਰ, ਕਲਰਕ ਦਫਤਰ ਮਾਈਨਜ਼ ਅਤੇ ਜਿਆਲੋਜੀ ਵਿਭਾਗ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-02-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਮਾਈਨਿੰਗ ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਨਗਰ ਕੌਂਸਿਲ, ਜ਼ੀਰਕਪੁਰ ਵਿੱਚ ਨੈਸ਼ਨਲ ਹਾਈਵੇਅ ਲਈ ਜ਼ਮੀਨ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-04-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 20-07-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-08-2918 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-09-2018 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:2423 ਆਫ਼ 2018**

ਐਚ.ਬੀ.ਐਸ. ਬੇਦਵਾਨ, ਐਡਵੋਕੇਟ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀਮਤੀ ਬਲਵਿੰਦਰ ਕੌਰ, ਕਲਰਕ ਦਫਤਰ ਮਾਈਨਜ਼ ਅਤੇ ਜਿਆਲੋਜੀ ਵਿਭਾਗ ਨੇ ਹਲਫੀਆ-ਬਿਆਨ, ਮਿਤੀ 11-06-2019 ਪੇਸ਼ ਕਰਦੇ ਹੋਏ ਅਪੀਲਕਰਤਾ ਦੇ ਅਪੀਲ ਕੇਸ ਨੰ:2420, 2421 ਅਤੇ 2423 ਆਫ਼ 2018 ਬਾਰੇ ਕਿਹਾ ਹੈ ਕਿ ਇਨ੍ਹਾਂ ਕੇਸਾਂ ਬਾਰੇ ਉਸ ਕੋਲ ਅਤੇ ਦਫ਼ਤਰ ਵਿਖੇ ਕੋਈ ਰਿਕਾਰਡ ਉਪਲਬਧ ਨਹੀਂ ਹੈ। ਇਸ ਤੋਂ ਇਲਾਵਾ ਉਸ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਅਪੀਲਕਰਤਾ ਦੇ ਅਪੀਲ ਕੇਸ ਨੰ:2422/2018 ਦਾ ਜਵਾਬ ਸ਼੍ਰੀ ਦਲਜੀਤ ਸਿੰਘ ਟਾਂਗਰਾ, ਉਪ ਮੰਡਲ ਅਫਸਰ ਦਫ਼ਤਰ ਜ਼ਿਲ੍ਹਾ ਮਾਈਨਿੰਗ ਅਫਸਰ ਮੁਹਾਲੀ ਵੱਲੋਂ ਅਪੀਲਕਰਤਾ ਨੂੰ ਪਹਿਲਾਂ ਹੀ ਦਿੱਤਾ ਜਾ ਚੁੱਕਾ ਹੈ। ਸ਼੍ਰੀਮਤੀ ਬਲਵਿੰਦਰ ਕੌਰ, ਕਲਰਕ ਵੱਲੋਂ ਪੇਸ਼ ਕੀਤਾ ਗਿਆ ਹਲਫੀਆ ਬਿਆਨ, ਮਿਤੀ 11-06-2019 (ਮੂਲ ਰੂਪ ਵਿੱਚ) ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ ਨੂੰ ਪੇਸ਼ੀ ਦੌਰਾਨ ਦਸਤੀ ਦੇ ਦਿੱਤਾ ਗਿਆ ਹੈ ਅਤੇ ਇਸ ਦੀ ਇੱਕ ਕਾਪੀ ਮਿਸਲ ਤੇ ਰੱਖ ਲਈ ਗਈ ਹੈ।

3. ਦੋਵੇਂ ਧਿਰਾਂ ਨੇ ਇਨ੍ਹਾਂ ਕੇਸਾਂ ਨੂੰ ਬੰਦ ਕਰਨ ਲਈ ਸਹਿਮਤੀ ਪ੍ਰਗਟਾਈ ਹੈ। ਇਸ ਕਰਕੇ ਇਨ੍ਹਾਂ ਕੇਸਾਂ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼੍ਰੀ ਐਚ.ਐਸ. ਪੰਨੂ, ਪਹਿਲੀ ਅਪੀਲੀ ਅਥਾਰਟੀ-ਕਮ-ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ,ਜ਼ਿਲ੍ਹਾ ਉਦਯੋਗ ਕੇਂਦਰ, ਐਸ.ਏ.ਐਸ. ਨਗਰ ਵੱਲੋਂ ਕਮਿਸ਼ਨ ਦੇ ਹੁਕਮ, ਮਿਤੀ 10-04-2019 ਰਾਹੀਂ ਉਸ ਨੂੰ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸ ਸਬੰਧੀ ਪਿਛਲੀ ਪੇਸ਼ੀ, ਮਿਤੀ 14-05-2019 ਤੇ ਪੇਸ਼ ਕੀਤੇ ਗਏ ਸਪੱਸ਼ਟੀਕਰਣ ਨੂੰ ਤਸੱਲੀਬਖਸ਼ ਪਾਉਂਦੇ ਹੋਏ ਉਨ੍ਹਾਂ ਵਿਰੁੱਧ ਜਾਰੀ ਕੀਤਾ ਗਿਆ **ਕਾਰਨ ਦੱਸੋ ਨੋਟਿਸ ਖਾਰਜ** ਕੀਤਾ ਜਾਂਦਾ ਹੈ ਅਤੇ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 11 ਜੂਨ, 2019.

**ਕਾਪੀ:-**

ਸ਼੍ਰੀ ਦਲਜੀਤ ਸਿੰਘ ਟਾਂਗਰਾ,
ਐਸ.ਡੀ.ਓ./ਏ.ਡੀ.ਐਮ.ਓ.,
ਦਫ਼ਤਰ ਕਾਰਜਕਾਰੀ ਇੰਜੀਨੀਅਰ-ਕਮ-
ਜ਼ਿਲ੍ਹਾ ਮਾਈਨਿੰਗ ਅਫਸਰ,
ਬੀ-65, ਇੰਡਸਟ੍ਰੀਅਲ ਏਰੀਆ,
ਫੇਸ-7, ਮੁਹਾਲੀ।